# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਵਾਲੇ 4 ਦੁਕਾਨਦਾਰਾਂ ਦੇ ਚਲਾਨ ਕੱਟੇ ਅਤੇ 14 ਦੁਕਾਨਦਾਰਾਂ ਦੇ ਪਲਾਸਟਿਕ ਲਿਫਾਫੇ ਕਬਜੇ ਵਿੱਚ ਲਏ...ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 26 ਮਈ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਲਾਸਟਿਕ ਦੇ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਤੇ ਲਗਾਈ ਗਈ ਪਾਬੰਦੀ ਦੇ ਹੁਕਮਾਂ ਨੂੰ ਲਾਗੂ ਕਰਵਾਉਣ ਲਈ ਨਗਰ ਨਿਗਮ ਦੇ ਸੁਪਰਡੈਂਟ ਸੁਆਮੀ ਸਿੰਘ ਦੀ ਅਗਵਾਈ ਹੇਠ ਇੰਸਪੈਕਟਰ ਸੁਰਜੀਤ ਬਹਿਲ, ਗੁਰਮੇਲ ਸਿੰਘ, ਵਿਨੇ ਉੱਪਲ, ਕੁਲਵਿੰਦਰ ਸਿੰਘ ਅਤੇ ਸੰਨੀ ਨੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ, ਬਹਾਦਰਪੁਰ ਚੋਂਕ, ਭੰਗੀ ਚੋਅ ਦੇ ਨਜਦੀਕ, ਪੁਰਾਣੀ ਸਬਜੀ ਮੰਡੀ, ਗੋਰਾਂ ਗੇਟ, ਕਣਕ ਮੰਡੀ, ਸਬਜੀ ਮੰਡੀ, ਕਮਾਲਪੁਰ ਚੌਕ ਜਲੰਧਰ ਰੋਡ, ਘੰਟਾ ਘਰ, ਸਤੇਹਰੀ ਰੋਡ ਅਤੇ ਬੱਸ ਸਟੈਂਡ ਦੇ ਆਲੇ-ਦੁਆਲੇ ਵੱਖ-ਵੱਖ ਦੁਕਾਨਾਂ ਤੇ ਜਾ ਕੇ ਪਲਾਸਟਿਕ ਲਿਫਾਫਿਆਂ ਦੀ ਚੈਕਿੰਗ ਕੀਤੀ। ਮੌਕੇ ਤੇ 4 ਚਲਾਨ ਕੱਟੇ ਅਤੇ 14 ਦੁਕਾਨਦਾਰਾਂ ਦੇ ਪਲਾਸਟਿਕ ਲਿਫਾਫੇ ਕਬਜੇ ਵਿੱਚ ਲਏ।

ਮੇਅਰ ਸ਼ਿਵ ਸੂਦ ਨੇ ਹੋਰ ਦੱਸਿਆ ਕਿ ਰਾਜ ਵਿਚ ਪਲਾਸਟਿਕ ਕੈਰੀ ਬੈਗ ਅਤੇ ਥਰਮੋਕੋਲ ਮਟੀਰੀਅਲ ਤੋਂ ਬਣੇ ਇਕ ਵਾਰ ਵਰਤੋਂ ਕੀਤੇ ਜਾਣ ਵਾਲੇ ਸਾਰੇ ਮਟੀਰੀਅਲ ਨੂੰ ਵੇਚਣ ਅਤੇ ਸਟਾਕ ਕਰਨ ਤੇ ਪਾਬੰਦੀ ਲਗਾਈ ਗਈ ਹੈ ਅਤੇ ਇਸ ਨੂੰ ਵੇਚਣ ਅਤੇ ਇਸ ਦੀ ਵਰਤੋਂ ਕਰਨ ਵਾਲੇ ਦੁਕਾਨਦਾਰ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।ਉਹਨਾਂ ਸਾਰੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾ ਕਰਨ ਅਤੇ ਨਾ ਹੀ ਵੇਚਣ।